ਰਾਮਕਲੀ ਮਹਲਾ ੫ ॥ਐਸਾ ਪੂਰਾ ਗੁਰਦੇਉ ਸਹਾਈ ॥ ਜਾ ਕਾ ਸਿਮਰਨੁ ਬਿਰਥਾ ਨ ਜਾਈ ॥ ੧॥ ਰਹਾਉ ॥ ਦਰਸਨੁ ਪੇਖਤ ਹੋਇ ਨਿਹਾਲੁ ॥ ਜਾ ਕੀ ਧੂਰਿ ਕਾਟੈ ਜਮ ਜਾਲੁ ॥ ਚਰਨ ਕਮਲ ਬਸੇ ਮੇਰੇ ਮਨ ਕੇ ॥ ਕਾਰਜ ਸਵਾਰੇ ਸਗਲੇ ਤਨ ਕੇ ॥੧॥ ਜਾ ਕੈ ਮਸਤਕਿ ਰਾਖੈ ਹਾਥੁ ॥ ਪ੍ਰਭੁ ਮੇਰੋ ਅਨਾਥ ਕੋ ਨਾਥੁ ॥ ਪਤਿਤ ਉਧਾਰਣੁ ਕ੍ਰਿਪਾ ਨਿਧਾਨੁ ॥ ਸਦਾ ਸਦਾ ਜਾਈਐ ਕੁਰਬਾਨੁ ॥੨॥ ਨਿਰਮਲ ਮੰਤੁ ਦੇਇ ਜਿਸੁ ਦਾਨੁ ॥ ਤਜਹਿ ਬਿਕਾਰ ਬਿਨਸੈ ਅਭਿਮਾਨੁ ॥ ਏਕੁ ਧਿਆਈਐ ਸਾਧ ਕੈ ਸੰਗਿ ॥ ਪਾਪ ਬਿਨਾਸੇ ਨਾਮ ਕੈ ਰੰਗਿ ॥੩॥ ਗੁਰ ਪਰਮੇਸੁਰ ਸਗਲ ਨਿਵਾਸ ॥ ਘਟਿ ਘਟਿ ਰਵਿ ਰਹਿਆ ਗੁਣਤਾਸ ॥ ਦਰਸੁ ਦੇਹਿ ਧਾਰਉ ਪ੍ਰਭ ਆਸ ॥ ਨਿਤ ਨਾਨਕੁ ਚਿਤਵੈ ਸਚੁ ਅਰਦਾਸਿ ॥ ੪॥੪੫॥੫੬॥ {ਪੰਨਾ 900}

ਪਦਅਰਥ:- ਗੁਰਦੇਵ—ਗੁਰੂ। ਸਹਾਈ—ਸਹਾਇਤਾ ਕਰਨ ਵਾਲਾ, ਮਦਦਗਾਰ। ਜਾ ਕਾ ਸਿਮਰਨੁ—ਜਿਸ ਦਾ ਦਿੱਤਾ ਹੋਇਆ ਹਰਿ-ਸਿਮਰਨ ਦਾ ਉਪਦੇਸ਼। ਬਿਰਥਾ—{vãQw} ਵਿਅਰਥ।1। ਰਹਾਉ।

ਪੇਖਤ—ਵੇਖਦਿਆਂ। ਨਿਹਾਲੁ—ਪ੍ਰਸੰਨ। ਜਮ ਜਾਲੁ—ਜਮ ਦੀ ਫਾਹੀ। ਮੇਰੇ—ਮੇਰੇ (ਗੁਰੂ) ਦੇ। ਚਰਨ ਕਮਲ—ਸੋਹਣੇ ਚਰਨ। ਮਨ ਕੇ ਤਨ ਕੇ ਸਗਲੇ ਕਾਰਜ—(ਉਸ ਮਨੁੱਖ ਦੇ) ਮਨ ਅਤੇ ਸਰੀਰ ਦੇ ਸਾਰੇ ਕੰਮ।1।

ਜਾ ਕੈ ਮਸਤਕਿ—ਜਿਸ (ਮਨੁੱਖ) ਦੇ ਮੱਥੇ ਉਤੇ। ਅਨਾਥ ਕੋ ਨਾਥੁ—ਅਨਾਥਾਂ ਦਾ ਸਹਾਰਾ (ਮਿਲ ਪੈਂਦਾ ਹੈ)। ਪਤਿਤੁ ਉਧਾਰਣੁ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਬਚਾਣ ਵਾਲਾ। ਨਿਧਾਨੁ—ਖ਼ਜ਼ਾਨਾ। ਕੁਰਬਾਨੁ—ਸਦਕੇ। ਜਾਈਐ—ਜਾਣਾ ਚਾਹੀਦਾ ਹੈ।2।

ਨਿਰਮਲ ਮੰਤੁ—ਪਵਿੱਤਰ ਉਪਦੇਸ਼। ਦੇਇ—ਦੇਂਦਾ ਹੈ। ਤਜਹਿ—ਛੱਡ ਜਾਂਦੇ ਹਨ। ਬਿਨਸੈ—ਨਾਸ ਹੋ ਜਾਂਦਾ ਹੈ। ਸਾਧ ਕੈ ਸੰਧਿ—ਗੁਰੂ ਦੀ ਸੰਗਤਿ ਵਿਚ। ਕੈ ਰੰਗਿ—ਦੇ ਰੰਗ ਵਿਚ, ਦੀ ਮੌਜ ਵਿਚ।3।

ਸਗਲ—ਸਭ ਜੀਵਾਂ ਵਿਚ। ਘਟਿ ਘਟਿ—ਹਰੇਕ ਸਰੀਰ ਵਿਚ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ। ਦੇਹਿ—ਤੂੰ ਦੇਹ {ਲਫ਼ਜ਼ 'ਦੇਇ' ਅਤੇ 'ਦੇਹਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}। ਧਾਰਉ—ਧਾਰਉਂ, ਮੈਂ ਧਰਦਾ ਹਾਂ, ਮੈਂ ਰੱਖਦਾ ਹਾਂ। ਪ੍ਰਭ—ਹੇ ਪ੍ਰਭੂ! ਨਾਨਕੁ ਚਿਤਵੈ—ਨਾਨਕ ਯਾਦ ਕਰਦਾ ਰਹੇ। ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ।4।

ਅਰਥ:- ਹੇ ਭਾਈ! ਪੂਰਾ ਗੁਰੂ ਇਹੋ ਜਿਹਾ ਮਦਦਗਾਰ ਹੈ ਕਿ ਉਸ ਦਾ ਦਿੱਤਾ ਹੋਇਆ ਹਰਿ-ਸਿਮਰਨ ਦਾ ਉਪਦੇਸ਼ ਵਿਅਰਥ ਨਹੀਂ ਜਾਂਦਾ।1। ਰਹਾਉ।

(ਹੇ ਭਾਈ! ਗੁਰੂ ਦਾ) ਦਰਸ਼ਨ ਕਰਦਿਆਂ (ਮਨੁੱਖ ਤਨੋ ਮਨੋ) ਖਿੜ ਜਾਂਦਾ ਹੈ, ਉਸ ਗੁਰੂ ਦੀ ਚਰਨ-ਧੂੜ ਜਮ ਦੀ ਫਾਹੀ ਕੱਟ ਦੇਂਦੀ ਹੈ। ਹੇ ਭਾਈ! ਪਿਆਰੇ ਗੁਰੂ ਦੇ ਸੋਹਣੇ ਚਰਨ (ਜਿਸ ਮਨੁੱਖ ਦੇ ਹਿਰਦੇ ਵਿਚ) ਆ ਵੱਸਦੇ ਹਨ, (ਉਸ ਦੇ) ਮਨ ਦੇ (ਉਸ ਦੇ) ਸਰੀਰ ਦੇ ਸਾਰੇ ਕੰਮ (ਗੁਰੂ) ਸੰਵਾਰ ਦੇਂਦਾ ਹੈ।1।

ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ (ਗੁਰੂ ਆਪਣਾ) ਹੱਥ ਰੱਖਦਾ ਹੈ ਉਸ ਨੂੰ ਮੇਰਾ ਉਹ ਪ੍ਰਭੂ (ਮਿਲ ਪੈਂਦਾ ਹੈ) ਜੋ ਨਿਆਸਰਿਆਂ ਦਾ ਆਸਰਾ ਹੈ। ਹੇ ਭਾਈ! ਗੁਰੂ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈ, ਗੁਰੂ ਕਿਰਪਾ ਦਾ ਖ਼ਜ਼ਾਨਾ ਹੈ। ਹੇ ਭਾਈ! ਗੁਰੂ ਤੋਂ ਸਦਾ ਹੀ ਸਦਕੇ ਜਾਣਾ ਚਾਹੀਦਾ ਹੈ।2।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਆਪਣਾ ਪਵਿੱਤਰ ਉਪਦੇਸ਼ ਬਖ਼ਸ਼ਦਾ ਹੈ, ਸਾਰੇ ਵਿਕਾਰ ਉਸ ਨੂੰ ਛੱਡ ਜਾਂਦੇ ਹਨ ਉਸ ਦਾ ਅਹੰਕਾਰ ਦੂਰ ਹੋ ਜਾਂਦਾ ਹੈ। ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਹਿ ਕੇ ਇੱਕ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ। (ਗੁਰੂ ਦੀ ਰਾਹੀਂ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰਿਹਾਂ ਸਾਰੇ ਪਾਪਾਂ ਦਾ ਨਾਸ ਹੋ ਜਾਂਦਾ ਹੈ।3।

ਹੇ ਭਾਈ! ਗੁਰੂ-ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ, ਸਾਰੇ ਗੁਣਾਂ ਦਾ ਖ਼ਜ਼ਾਨਾ ਹਰੇਕ ਹਿਰਦੇ ਵਿਚ ਮੌਜੂਦ ਹੈ। ਹੇ

ਪ੍ਰਭੂ! ਮੈਨੂੰ ਆਪਣਾ ਦਰਸ਼ਨ ਦੇਹ, ਮੈਂ ਤੇਰੇ ਦਰਸ਼ਨ ਦੀ ਆਸ ਰੱਖੀ ਬੈਠਾ ਹਾਂ। ਮੇਰੀ ਇਹੀ ਅਰਦਾਸ ਹੈ ਕਿ (ਤੇਰਾ ਸੇਵਕ) ਨਾਨਕ ਸਦਾ-ਥਿਰ ਪ੍ਰਭੂ ਨੂੰ ਯਾਦ ਕਰਦਾ ਰਹੇ।4। 45। 56।